28112025-Faridkot-08.qxd 11/27/2025 10:17 PM Page 4

ਕਾਬੂ ਕੀਤੀਆਂ ਕਥਿਤ ਦੋਸ਼ਣ ਮਹਿਲਾਵਾਂ ਪੁਲਿਸ ਪਾਰਟੀ ਨਾਲ। ਅਜੀਤ ਤਸਵੀਰ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਫ਼ਟ ਜਾਣ ਦੇ ਮਾਮਲੇ 'ਚ 2 ਔਰਤਾਂ ਕਾਬੂ

ਫ਼ਰੀਦਕੋਟ, 27 ਨਵੰਬਰ (ਜਸਵੰਤ ਸਿੰਘ ਪੁਰਬਾ)-ਫ਼ਰੀਦਕੋਟ ਪੁਲਿਸ ਨੇ ਪਿੰਡ ਜਲਾਲੇਆਣਾ ਵਿਚ 2 ਮਹਿਲਾਵਾਂ ਵਲੋਂ ਆਪਸੀ ਝਗੜੇ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਅੰਗ ਫ਼ਟ ਜਾਣ ਦੇ ਇਕ ਸੰਵੇਦਨਸ਼ੀਲ ਕੇਸ ਨੂੰ ਸਿਰਫ ਕੁਝ ਘੰਟਿਆਂ ਵਿਚ ਸੁਲਝਾਉਂਦੇ ਹੋਏ ਦੋਨੋਂ ਮਹਿਲਾਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਦਿੰਦਿਆਂ ਸੰਜੀਵ ਕੁਮੀਰ ਡੀ.ਐਸ.ਪੀ ਸਬ-ਡਵੀਜਨ ਕੋਟਕਪੂਰਾ ਨੇ ਦੱਸਿਆ ਕਿ ਗ੍ਰਿਫਤਾਰ ਮਹਿਲਾਵਾਂ ਦੀ ਪਹਿਚਾਣ ਕੁਲਦੀਪ ਕੌਰ ਪਤਨੀ ਜੁਗਰਾਜ ਸਿੰਘ ਤੇ ਵੀਰਾਂ ਕੌਰ ਪਤਨੀ ਹਰਪਾਲ ਸਿੰਘ ਵਾਸੀ ਪਿੰਡ ਜਲਾਲੇਆਣਾ (ਜ਼ਿਲ੍ਹਾ ਫਰੀਦਕੋਟ) ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਇਕ ਸੂਚਨਾ ਪ੍ਰਾਪਤ ਹੋਈ ਸੀ ਕਿ ਪਿੰਡ ਜਲਾਲੇਆਣਾ ਵਿਖੇ ਉਸੇ ਪਿੰਡ ਦੀਆਂ 2 ਮਹਿਲਾਵਾਂ ਕੁਲਦੀਪ ਕੌਰ ਤੇ ਵੀਰਾਂ ਕੌਰ ਵਲੋਂ ਆਪਸ ਵਿਚ ਬਹਿਸ ਕਰਦੀਆਂ ਹੋਈਆਂ ਗੁਰਦੁਆਰਾ ਸਾਹਿਬ ਦੇ ਅੰਦਰ ਦਾਖ਼ਲ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਉੱਪਰ ਜ਼ੋਰ ਨਾਲ ਹੱਥ ਮਾਰੇ, ਜਿਸ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਰੁਮਾਲਾ ਸਾਹਿਬ ਤੇ ਉੱਪਰ ਪਿਆ ਖਾਲਸਾ ਤੀਰ ਹੇਠਾਂ ਜ਼ਮੀਨ 'ਤੇ ਡਿੱਗ ਪਏ। ਇਸ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 5 ਪਵਿੱਤਰ ਅੰਗ ਫ਼ਟ ਗਏ। ਗੁਰਦੁਆਰਾ ਸਾਹਿਬ ਵਿਚ ਮੌਜੂਦ ਜਗਵਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਸਬੰਧਿਤ ਮਹਿਲਾਵਾਂ ਖਿਲਾਫ਼ ਮੁਕੱਦਮਾ ਥਾਣਾ ਸਦਰ ਕੋਟਕਪੂਰਾਰਜਿਸਟਰ ਕੀਤਾ ਗਿਆ। ਪੁਲਿਸ ਟੀਮਾਂ ਵਲੋਂ ਤੁਰੰਤ ਤੇ ਪ੍ਰਭਾਵਸ਼ਾਲੀ ਕਾਰਵਾਈ ਕਰਦਿਆਂ ਇਸ ਮਾਮਲੇ ਵਿਚ ਦੋਸ਼ੀ ਦੋਵੇਂ ਮਹਿਲਾਵਾਂ ਕੁਲਦੀਪ ਕੌਰ ਤੇ ਵੀਰਾਂ ਕੌਰ ਨੂੰ ਕੁਝ ਹੀ ਘੰਟਿਆਂ ਵਿਚ ਗ੍ਰਿਫ਼ਤਾਰ ਕਰ ਲਿਆ ਗਿਆ। ਡੀ.ਐਸ.ਪੀ ਕੋਟਕਪੂਰਾ ਨੇ ਦੱਸਿਆ ਕਿ ਮਾਮਲਾ ਸੰਵੇਦਨਸ਼ੀਲ ਹੋਣ ਕਰਕੇ ਸ਼ੁਰੂ ਤੋਂ ਹੀ ਵਧੀਕ ਸੰਜੀਦਗੀ ਨਾਲ ਕੰਮ ਕੀਤਾ ਗਿਆ ਤੇ ਦੋਵੇਂ ਮਹਿਲਾਵਾਂ ਨੂੰ ਗ੍ਰਿਫਤਾਰ ਕਰਕੇ ਅੱਗੇ ਦੀ ਕਾਰਵਾਈ ਲਈ ਕਾਨੂੰਨੀ ਪ੍ਰਕਿਰਿਆ ਅਨੁਸਾਰ ਸ਼ੁਰੂ ਕੀਤੀ ਗਈ ਹੈ।

ਸਰਕਾਰੀ ਬਹੁਤਕਨੀਕੀ ਕਾਲਜ ਕੋਟਕਪਰਾ ਵਿਖੇ ਹਾਊਸਿੰਗ ਵਾਇਰਿੰਗ ਦਾ ਪ੍ਰੋਜੈਕਟ ਬਣਾਇਆ

ਕੋਟਕਪੂਰਾ, 27 ਨਵੰਬਰ (ਮੋਹਰ ਸਿੰਘ ਗਿੱਲ)-ਸਰਕਾਰੀ ਬਹੁਤਕਨੀਕੀ ਕਾਲਜ ਕੋਟਕਪੂਰਾ ਵਿਖੇ ਕਾਲਜ ਦੇ ਕਰਮਚਾਰੀ ਅਸ਼ੋਕ ਕੁਮਾਰ, ਲੈਬ ਸਹਾਇਕ (ਵਰਕਸ਼ਾਪ ਇੰਚਾਰਜ) ਵਲੋਂ ਇਲੈਕਟ੍ਰੀਕਲ ਵਰਕ 'ਚ ਹਾਊਸ ਵਾਇਰਿੰਗ ਪ੍ਰੋਜੈਕਟ, ਸਟੋਅਰ ਵਾਇਰਿੰਗ, ਗੋਦਾਮ ਵਾਇਰਿੰਗ ਦਾ ਪ੍ਰੋਜੈਕਟ ਬਣਾਇਆ ਗਿਆ। ਇਹ ਪ੍ਰੋਜੈਕਟ ਬਣਾਉਣ 'ਚ ਇਸ ਕਾਲਜ ਦੇ ਈ.ਸੀ.ਈ. ਡਿਪਲੋਮਾ ਕੋਰਸ ਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਮਨਿੰਦਰ ਸਿੰਘ ਤੇ ਮਨਵਿੰਦਰ ਸਿੰਘ ਵਲੋਂ ਪੂਰਾ ਯੋਗਦਾਨ ਦਿੱਤਾ। ਕਾਲਜ ਦੇ ਕਰਮਚਾਰੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਇਹ ਪ੍ਰੋਜੈਕਟ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਵਾਇਰਿੰਗ ਸਬੰਧੀ ਜਾਣਕਾਰੀ ਹਾਸਿਲ ਕਰਨ 'ਚ ਮਦਦ ਕਰੇਗਾ ਤੇ ਵਿਦਿਆਰਥੀਆਂ ਦੀ ਪ੍ਰੈਕਟੀਕਲ ਜਾਣਕਾਰੀ 'ਚ ਵਾਧਾ ਹੋਵੇਗਾ। ਪ੍ਰੋਜੈਕਟ ਸਬੰਧੀ ਸਮੂਹ ਵਿਦਿਆਰਥੀਆਂ ਨਾਲ ਸਮੁੱਚੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਇੰਜੀ: ਸੁਰੇਸ਼ ਕੁਮਾਰ ਨੇ ਪੂਰੀ ਟੀਮ ਨੂੰ ਵਧਾਈ ਦਿੱਤੀ ਤੇ ਸਾਰਿਆਂ ਦੀ ਹੌਂਸਲਾ ਅਫ਼ਜਾਈ ਕੀਤੀ। ਇਸ ਮੌਕੇ ਪੁਨੀਤ ਮਿੱਤਲ, ਸੁਖਬੀਰ ਕੌਰ, ਸਤਨਾਮ ਸਿੰਘ, ਨਵਦੀਪ ਕੌਰ, ਨਵਜੋਤ ਕੌਰ, ਗਗਨ ਸਚਦੇਵਾ, ਰਮਨਜੀਤ ਸਿੰਘ, ਨਿਰਮਲ ਸਿੰਘ, ਲਖਵਿੰਦਰ ਸਿੰਘ, ਗੁਰਲਾਲ ਸਿੰਘ, ਵੀਰਪਾਲ ਕੌਰ, ਰਾਕੇਸ਼ ਕੁਮਾਰ, ਰਾਜ ਕੁਮਾਰ, ਸ਼ਿਵਜੀਤ ਸੁੰਦਰ, ਸਰੋਜ, ਬਲਕਰਨ ਸਿੰਘ ਤੇ ਵਿਦਿਆਰਥੀ ਹਾਜ਼ਰ ਸਨ।

ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

ਫ਼ਰੀਦਕੋਟ, 27 ਨਵੰਬਰ (ਸਰਬਜੀਤ ਸਿੰਘ)-ਸਥਾਨਕ ਫ਼ਿਰੋਜ਼ਪੁਰ ਰੋਡ 'ਤੇ ਸੜਕ ਹਾਦਸੇ ਵਿਚ ਮੋਟਰਸਾਈਕਲ ਸਵਾਰ ਨੂੰ ਅਣਪਛਾਤੀ ਗੱਡੀ ਵਲੋਂ ਟੱਕਰ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ। ਪੁਲਿਸ ਵਲੋਂ ਅਣਪਛਾਤੀ ਗੱਡੀ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਪੜਤਾਲ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਸੂਚਨਾ ਅਨੁਸਾਰ ਕੁਲਜੀਤ ਕੌਰ ਵਲੋਂ ਪੁਲਿਸ ਨੂੰ ਬਿਆਨ ਦਰਜ ਕਰਵਾਇਆ ਹੈ ਕਿ ਉਹ ਤੇ ਉਸ ਦਾ ਪਰਿਵਾਰ ਵਿਆਹ 'ਤੇ ਆਏ ਹੋਏ ਸਨ। ਉਸ ਦਾ ਪਤੀ ਜਤਿੰਦਰ ਸਿੰਘ ਸ਼ਹਿਰ ਨੂੰ ਕਿਸੇ ਕੰਮ ਲਈ ਮੋਟਰਸਾਈਕਲ 'ਤੇ ਜਾ ਰਿਹਾ ਸੀ ਤਾਂ ਫ਼ਿਰੋਜ਼ਪੁਰ ਰੋਡ 'ਤੇ ਕਿਸੇ ਅਣਪਛਾਤੀ ਗੱਡੀ ਨੇ ਉਸ ਦੇ ਪਤੀ ਦੇ ਮੋਟਰਸਾਈਕਲ ਨੂੰ ਟੱਕਰ ਮਾਰੀ ਤੇ ਮੌਕੇ ਤੋਂ ਫਰਾਰ ਹੋ ਗਿਆ। ਇਸ ਹਾਦਸੇ 'ਚ ਉਸ ਦੇ ਪਤੀ ਦੇ ਕਾਫ਼ੀ ਸੱਟਾਂ ਲੱਗੀਆਂ ਤੇ ਗੰਭੀਰ ਜ਼ਖ਼ਮੀ ਹਾਲਤ ਵਿਚ ਉਸ ਦੇ ਪਤੀ ਨੂੰ ਰਾਹਗੀਰਾਂ ਦੀ ਮੱਦਦ ਨਾਲ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਵਲੋਂ ਉਸ ਨੂੰ ਮ੍ਰਿਤਕ ਕਰਾਰ ਦਿੱਤਾ। ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਤਨੀ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੀ ਗੱਡੀ ਚਾਲਕ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਗੱਡੀ ਤੇ ਗੱਡੀ ਚਾਲਕ ਦੀ ਸ਼ਨਾਖ਼ਤ ਲਈ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਵਿਖੇ ਪ੍ਰਸ਼ਨੋਤਰੀ ਮੁਕਾਬਲੇ ਦੇ ਜੇਤੂ ਬੱਚੇ ਅਧਿਆਪਕਾਂ ਨਾਲ। ਅਜੀਤ ਤਸਵੀਰ

ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਬਲਾਕ ਪੱਧਰੀ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ

ਕੋਟਕਪੂਰਾ, 27 ਨਵੰਬਰ (ਮੋਹਰ ਸਿੰਘ ਗਿੱਲ)-ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਵਿਖੇ ਸਕੂਲ ਸਿੱਖਿਆ ਵਿਭਾਗ ਵਲੋਂ ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਸਾਇੰਸ, ਗਣਿਤ, ਅੰਗਰੇਜੀ ਤੇ ਸਮਾਜਿਕ ਸਿੱਖਿਆ ਦੇ ਗਿਆਨ ਦੀ ਪਰਖ ਕਰਨ ਲਈ ਮਿਡਲ ਤੇ ਸੀਨੀਅਰ ਵਰਗ ਦੇ ਬਲਾਕ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਪ੍ਰਭਜੋਤ ਸਿੰਘ ਨੇ ਦੱਸਿਆ ਕਿ ਬਲਾਕ ਨੋਡਲ ਅਫ਼ਸਰ ਕੁਲਵਿੰਦਰ ਕੌਰ ਦੀ ਅਗਵਾਈ ਅਤੇ ਹੈਡ ਮਿਸਟ੍ਰੈਸ ਚਿਤਰਾ ਕੁਮਾਰੀ ਦੀ ਨਿਗਰਾਨੀ ਵਿਚ ਬਲਾਕ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਦੇ ਗਿਆਨ ਦੀ ਪਰਖ਼ ਕਰਨ ਲਈ ਕਰਵਾਏ ਪ੍ਰਸ਼ਨੋਤਰੀ ਮੁਕਾਬਲੇ ਵਿਚੋਂ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਜੂਨੀਅਰ ਵਰਗ ਵਿਚ ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ, ਸਰਕਾਰੀ ਮਿਡਲ ਸਕੂਲ ਗਾਂਧੀ ਬਸਤੀ ਕੋਟਕਪੂਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਅਤੇ ਸੀਨੀਅਰ ਵਰਗ ਵਿਚ ਸਰਕਾਰੀ ਹਾਈ ਸਕੂਲ ਮੋੜ, ਪੀ.ਐਮ.ਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਪੰਜਗਰਾਈਂ ਕਲਾਂ ਦੇ ਵਿਦਿਆਰਥੀਆਂ ਨੇ ਕ੍ਰਮਵਾਰ ਪਹਿਲੀ, ਦੂਸਰੀ ਅਤੇ ਤੀਸਰੀ ਪੁਜ਼ੀਸ਼ਨ ਹਾਸਿਲ ਕੀਤੀ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੰਦਨ ਕੌਰ ਸੋਢੀ, ਰਾਜਨ ਕੁਮਾਰ ਬੀ.ਐਮ, ਕੁਲਵਿੰਦਰ ਸਿੰਘ ਜਟਾਣਾ, ਨਵਦੀਪ ਕੱਕੜ, ਖੁਸ਼ਵੰਤ ਸਿੰਘ, ਅਮਿਤ ਕੁਮਾਰ, ਜਤਿੰਦਰ ਕੌਰ, ਨੀਤੂ ਸੇਠੀ ਅਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

ਜੈਤੋ, 27 ਨਵੰਬਰ (ਗੁਰਚਰਨ ਸਿੰਘ ਗਾਬੜੀਆ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਜੈਤੋ ਦੀ ਮੀਟਿੰਗ ਬਲਾਕ ਪ੍ਰਧਾਨ ਡਾ. ਮੁਹੰਮਦ ਸਲੀਮ ਖਿਲਜੀ ਦੀ ਪ੍ਰਧਾਨਗੀ ਹੇਠ ਲਾਈਨਜ਼ ਆਈ ਕੇਅਰ ਸੈਂਟਰ ਜੈਤੋ ਵਿਖੇ ਹੋਈ। ਉਨ੍ਹਾਂ ਸਾਥੀ ਡਾਕਟਰਾਂ ਨੂੰ ਆਪਣੀਆਂ ਕਲੀਨਿਕਾਂ ਨੂੰ ਸਾਫ਼ ਸੁਥਰਾ ਰੱਖਣ ਤੇ ਨਸ਼ਾ ਰਹਿਤ ਪ੍ਰੈਕਟਿਸ ਕਰਨ ਅਤੇ ਮੀਟਿੰਗ ਦੀ ਹਾਜ਼ਰੀ ਨੂੰ ਯਕੀਨੀ ਬਣਾਉਣ ਤੇ ਆਈ ਕੇਅਰ ਅਤੇ ਵਰਦੀ ਪਾ ਕੇ ਮੀਟਿੰਗ ਵਿਚ ਆਉਣ ਦੀ ਅਪੀਲ ਕੀਤੀ। ਮੀਟਿੰਗ ਵਿਚ ਪੰਜਾਬ ਪ੍ਰਦੇਸ਼ ਦੇ ਮੀਤ ਪ੍ਰਧਾਨ ਡਾ. ਕਸ਼ਮੀਰ ਸਿੰਘ ਅਤੇ ਜ਼ਿਲ੍ਹੇ ਦੇ ਚੇਅਰਮੈਨ ਡਾ. ਕੌਰ ਸਿੰਘ ਸੁਰਘੂਰੀ, ਬਲਾਕ ਜੈਤੋ ਦੇ ਚੇਅਰਮੈਨ ਡਾ. ਹਰਭਜਨ ਸਿੰਘ ਸੇਵੇਵਾਲਾ, ਜ਼ਿਲ੍ਹੇ ਦੇ ਮੀਤ ਪ੍ਰਧਾਨ ਡਾਕਟਰ ਰਕੇਸ਼ ਕੁਮਾਰ ਜੈਤੋ ਨੇ ਆਪਣੇ ਵਿਚਾਰਾਂ ਵਿਚ ਕਿਹਾ ਕਿ ਪੰਜਾਬ ਪ੍ਰਧਾਨ ਡਾਕਟਰ ਜਸਵਿੰਦਰ ਸਿੰਘ ਕਾਲਕ ਨੇ ਨਿਰਦੇਸ਼ ਦਿੱਤੇ ਹਨ ਕਿ ਪੰਜਾਬ ਵਲੋਂ ਜੋ ਬੈਨਰ ਤੇ ਆਈ ਕਾਰਡ ਹਰ ਜ਼ਿਲ੍ਹੇ ਤੇ ਬਲਾਕਾਂ ਦੇ ਵਿਚ ਭੇਜੇ ਹਨ ਉਨ੍ਹਾਂ ਨੂੰ ਆਪਣੇ ਕਲੀਨਿਕਾਂ ਦੇ ਬਾਹਰ ਲਗਾਓ ਅਤੇ ਜੇ ਕੋਈ ਅਫਸਰ ਆ ਕੇ ਤੁਹਾਡੇ ਕੋਲੋਂ ਜਾਣਕਾਰੀ ਮੰਗਦਾ ਉਸ ਦੇ ਵਿਚ ਦੱਸੇ ਪੰਜਾਬ ਦੇ 3 ਫ਼ੋਨ ਨੰਬਰਾਂ 'ਤੇ ਕਿਸੇ ਇਕ ਨੰਬਰ ਉੱਤੇ ਗੱਲ ਕਰਵਾਵੋ। ਬਲਾਕ ਜੈਤੋ ਨੰਬਰ 295 ਦੇ ਪਰਿਵਾਰ ਵਿਚ ਵਾਧਾ ਹੋਇਆ ਜਿਵੇਂ ਕਿ ਡਾਕਟਰ ਨਰਿੰਦਰ ਸ਼ਰਮਾ, ਡਾਕਟਰ ਚੇਤਨ ਸ਼ਰਮਾ, ਡਾਕਟਰ ਗੁਰਪ੍ਰੀਤ ਸਿੰਘ ਗੋਪੀ, ਡਾਕਟਰ ਗੁਰਸੇਵਕ ਸਿੰਘ ਤੇ ਡਾਕਟਰ ਗੁਰਭੇਜ ਸਿੰਘ, ਡਾਕਟਰ ਹਰਸਿਮਰਨ ਸਿੰਘ ਵਿਰਕ ਨੂੰ ਬਲਾਕ ਜੈਤੋ ਵਲੋਂ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ। ਬਲਾਕ ਜੈਤੋ ਦੇ ਮੀਤ ਪ੍ਰਧਾਨ ਡਾਕਟਰ ਰੋਸ਼ਮ ਸਿੰਘ ਰੋੜੀਕਪੂਰਾ, ਬਲਾਕ ਜੈਤੋ ਦੇ ਸਕੱਤਰ ਡਾਕਟਰ ਕੁਲਦੀਪ ਸਿੰਘ ਚੰਦਭਾਨ, ਸਹਾਇਕ ਸਕੱਤਰ ਡਾਕਟਰ ਚੇਤਨ ਸ਼ਰਮਾ, ਡਾਕਟਰ ਜਗਸੀਰ ਰਾਮ ਮੀਤ ਪ੍ਰਧਾਨ, ਬਲਾਕ ਜੈਤੋ ਦੇ ਖਜ਼ਾਨਚੀ ਡਾਕਟਰ ਸਤਪਾਲ ਸਿੰਘ ਅਤੇ ਸਹਾਇਕ ਖਜ਼ਾਨਚੀ ਡਾਕਟਰ ਕੇਵਲ ਸ਼ਰਮਾ ਪਿੰਕੀ, ਬਲਾਕ ਜੈਤੋ ਦੇ ਮੀਤ ਪ੍ਰਧਾਨ ਕ੍ਰਿਸ਼ਨਾ ਰਾਣੀ ਬਲਾਕ ਜੈਤੋ ਦੇ ਸਹਾਇਕ ਪ੍ਰੈਸ ਸਕੱਤਰ ਡਾਕਟਰ ਸਰਬਜੀਤ ਸਿੰਘ, ਡਾਕਟਰ ਗੁਰਮੀਤ ਕੌਰ, ਡਾਕਟਰ ਗਗਨਦੀਪ ਕੌਰ, ਡਾਕਟਰ ਪਰਮਜੀਤ ਕੌਰ, ਡਾਕਟਰ ਮੁਨਸੀ ਯਾਦਵ ਅਤੇ ਡਾਕਟਰ ਜਗਜੀਤ ਸਿੰਘ ਅਤੇ ਡਾ: ਸਾਥੀਆਂ ਨੂੰ ਬਲਾਕ ਪ੍ਰਧਾਨ ਜੈਤੋ ਨੇ ਵਿਸ਼ਵਾਸ ਦਿਵਾਇਆ ਕਿ ਪਰਿਵਾਰ 'ਚ ਛੇਤੀ ਤੋਂ ਛੇਤੀ ਵਾਧਾ ਹੋਵੇਗਾ ਤੇ ਨਵੀਆਂ ਨੀਤੀਆਂ ਬਾਰੇ ਵਿਚਾਰ ਸਾਂਝੇ ਕੀਤੇ ਜਾਣਗੇ ਤੇ ਅੰਤ 'ਚ ਸਾਰਿਆਂ ਦਾ ਧੰਨਵਾਦ ਕੀਤਾ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਜੈਤੋ ਦੇ ਬਲਾਕ ਪ੍ਰਧਾਨ ਡਾ. ਮੁਹੰਮਦ ਸਲੀਮ ਖਿਲਜੀ ਤੇ ਸਾਥੀ ਡਾਕਟਰ ਮੀਟਿੰਗ ਉਪਰੰਤ। ਤਸਵੀਰ : ਗੁਰਚਰਨ ਸਿੰਘ ਗਾਬੜੀਆ

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

ਮਲੋਟ, 27 ਨਵੰਬਰ (ਪਾਟਿਲ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੰਗਤ ਸਾਹਿਬ ਮਲੋਟ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਵੇਰ ਦਾ ਦੀਵਾਨ ਸਵੇਰੇ 8:30 ਵਜੇ ਤੋਂ 9:45 ਵਜੇ ਤੱਕ ਕੀਰਤਨ ਸਮਾਗਮ ਹੋਇਆ ਤੇ 10:30 ਵਜੇ ਤੋਂ 11:30 ਵਜੇ ਤੱਕ ਸਰਬ ਸਾਂਝਾ ਨਿਤਨੇਮੀ ਜਥਾ, ਇਸਤਰੀ ਸਤਿਸੰਗ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਤੇ 11:30 ਵਜੇ ਤੋਂ 1 ਵਜੇ ਤੱਕ ਭਾਈ ਸਰਬਜੀਤ ਸਿੰਘ ਸੁੱਚੇਤਗੜ੍ਹ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੇ 1 ਵਜੇ ਤੋਂ 1:30 ਵਜੇ ਤੱਕ ਭਾਈ ਰਵਿੰਦਰ ਸਿੰਘ ਪਠਾਨਕੋਟ ਵਾਲੇ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਗੁਰ ਸਿੰਘ ਸਭਾ ਮਲੋਟ ਵਾਲੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਰਾਤ ਦੇ ਦੀਵਾਨ 7 ਵਜੇ ਤੋਂ 8:30 ਵਜੇ ਤੱਕ ਭਾਈ ਰਵਿੰਦਰ ਸਿੰਘ ਕਰਨਗੇ। ਇਸ ਮੌਕੇ ਗੁਰਬਚਨ ਸਿੰਘ, ਹਰਜੀਤ ਸਿੰਘ, ਦਵਿੰਦਰ ਪਾਲ ਸਿੰਘ, ਜਸਪਾਲ ਸਿੰਘ, ਗੁਰਮਿੰਦਰ ਪਾਲ ਸਿੰਘ, ਹਰਜਿੰਦਰ ਸਿੰਘ, ਹਰਵਿੰਦਰ ਪਾਲ ਸਿੰਘ, ਅਮਰ ਸਿੰਘ, ਦਲਜੀਤ ਸਿੰਘ, ਮਹਿੰਦਰ ਸਿੰਘ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੰਗਤ ਸਾਹਿਬ ਮਲੋਟ ਵਿਖੇ ਕੀਰਤਨ ਕਰਦੇ ਹੋਏ ਭਾਈ ਸਰਬਜੀਤ ਸਿੰਘ ਸੁੱਚੇਤਗੜ੍ਹ। ਤਸਵ